# ਮਹਲਾ ੫ ॥

ਗੋਬਿੰਦ ਗੋਬਿੰਦ ਗੋਬਿੰਦ ਸੰਗਿ ਨਾਮਦੇਉ ਮਨੁ ਲੀਣਾ ॥ ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ ॥ ੧ ॥ ਰਹਾਉ ॥ ਬੁਨਨਾ ਤਨਨਾ ਤਿਆਗਿ ਕੈ ਪ੍ਰੀਤਿ ਚਰਨ ਕਬੀਰਾ ॥ ਨੀਚ ਕੁਲਾ ਜੋਲਾਹਰਾ ਭਇਓ ਗੁਨੀਯ ਗਹੀਰਾ ॥ ੧ ॥ ਰਵਿਦਾਸੁ ਢੁਵੰਤਾ ਢੋਰ ਨੀਤਿ ਤਿਨਿ ਤਿਆਗੀ ਮਾਇਆ ॥ ਪਰਗਟੁ ਹੋਆ ਸਾਧਸੰਗਿ ਹਰਿ ਦਰਸਨੁ ਪਾਇਆ ॥ ੨ ॥ ਸੈਨੁ ਨਾਈ ਬੁਤਕਾਰੀਆ ਓਹੁ ਘਰਿ ਘਰਿ ਸੁਨਿਆ ॥ ਹਿਰਦੇ ਵਸਿਆ ਪਾਰਬ੍ਰਹਮੁ ਭਗਤਾ ਮਹਿ ਗਨਿਆ ॥ ੩ ॥ ਇਹ ਬਿਧਿ ਸੁਨਿ ਕੈ ਜਾਟਰੋ ਉਠਿ ਭਗਤੀ ਲਾਗਾ ॥ ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ ॥ ੪ ॥ ੨ ॥

ਅੰਕ ੪੮੭-੮੮